ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)

ਅਧਿਸੂਚਨਾ

ਮਿਤੀ, ਚੰਡੀਗੜ੍ਹ:21.12.2016

ਨੰ: 16/03(4)/2016-5ਸਸ3/2812 ਜਿਵੇਂ ਕਿ ਨਗਰ ਕੌਂਸਲ, ਪਾਤੜਾਂ, ਜਿਲ੍ਹਾ ਪਟਿਆਲਾ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ:77 ਮਿਤੀ 23.11.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ ਵੱਲੋ ਆਪਣੇ ਮਤਾ ਨੰ: 92 ਮਿਤੀ 19.02.2016 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955"(15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਪਾਤੜਾਂ, ਜਿਲ੍ਹਾ ਪਟਿਆਲਾ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/-ਰੁਪਏ | ਨਗਰ ਕੌਂਸਲ, ਪਾਤੜਾਂ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਪਟਿਆਲਾ |
| 3 | ਸ਼ਰਾਬ ਦੇਸੀ ਅਤੇ ਬੀਅਰ | 05/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਪਟਿਆਲਾ |
| 4 | ਸੀਮਿੰਟ ਪ੍ਰਤੀ ਬੈਗ | 01/-ਰੁਪਏ | ਨਗਰ ਕੌਂਸਲ, ਪਾਤੜਾਂ |
| 5 | ਬਿਜਲੀ ਪ੍ਰਤੀ ਯੂਨਿਟ | 02 ਪੈਸੇ | ਕਾਰਜਕਾਰੀ ਇੰਜੀਨੀਅਰ,ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਾਤੜਾਂ |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ | 1000/-ਰੁਪਏ | ਨਗਰ ਕੌਂਸਲ, ਪਾਤੜਾਂ |
| 7 | ਮੈਰਿਜ ਪੈਲਿਸ ਨਾਨ ਏ.ਸੀ ਪ੍ਰਤੀ ਫੰਕਸ਼ਨ | 500/-ਰੁਪਏ | ਨਗਰ ਕੌਂਸਲ, ਪਾਤੜਾਂ |
| 8 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਪਟਿਆਲਾ |
| 9 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 100/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਪਟਿਆਲਾ |

3 ਲੜੀ ਨੰ: 2 ਅਤੇ 3 ਤੇ ਕਾਓ ਸੈਸ ਸਾਲ 2017-18 ਤੋਂ ਲਾਗੂ ਹੋਵੇਗਾ।

ਮਿਤੀ: ਚੰਡੀਗੜ੍ਹ
20.12.2016

ਡੀ.ਪੀ.ਰੈਡੀ, ਆਈ.ਏ.ਐਸ.
ਵਧੀਕ ਮੁੱਖ ਸਕੱਤਰ ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/03(4)/2016-5ਸਸ3/2813 ਮਿਤੀ, ਚੰਡੀਗੜ੍ਹ:21.12.2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਪਟਿਆਲਾ(ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/03(4)/2016-5ਸਸ3/2814 ਮਿਤੀ, ਚੰਡੀਗੜ੍ਹ: 21.12.2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਡਿਪਟੀ ਕਮਿਸ਼ਨਰ, ਪਟਿਆਲਾ ।
11 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਪਟਿਆਲਾ।
12 ਉਪ-ਮੰਡਲ ਮੈਜਿਸਟਰੇਟ, ਪਾਤੜਾਂ।
13 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਪਾਤੜਾਂ।
14 ਜਿਲ੍ਹਾ ਟਰਾਂਸਪੋਰਟ ਅਫਸਰ, ਪਟਿਆਲਾ।
15 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ।
16 ਡਾਇਰੈਕਟਰ,ਟਾਊਨ ਪਲਾਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
17 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਪਟਿਆਲਾ
18 ਕਾਰਜਕਾਰੀ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਾਤੜਾਂ।

ਵਿਸ਼ੇਸ਼ ਸਕੱਤਰ, ਸਥਾਨਕ ਸਰਕਾਰ